**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ**
**ਬਲਾਕ-ਈ, ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ. ਨਗਰ**

---

ਸੇਵਾ ਵਿਖੇ,

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿ), ਪੰਜਾਬ।
3. ਸਮੂਹ ਸਕੂਲ ਮੁਖੀ, ਪੰਜਾਬ।
4. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋ ਨੰ: DPISE-SEDUOGENL/43/2020/2021 88773-76
ਮਿਤੀ: 12-03-21

**ਵਿਸ਼ਾ:-** **ਪ੍ਰੀ-ਪ੍ਰਾਇਮਰੀ, ਪਹਿਲੀ ਤੋਂ ਨੌਵੀਂ ਅਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਸਬੰਧੀ ਹਦਾਇਤਾਂ।**

**ਹਵਾਲਾ:-** ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਹੁਕਮ ਮਿਤੀ 15.10.2020, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਦੇ ਪੱਤਰ ਨੰ: 7/56/2020-2ਗ4/01 ਮਿਤੀ 01.01.2021, DPISE-SEDUOGENL/43/2020-SE-DPISE/20217541 ਮਿਤੀ 06.01.2021, SED-SECY/103/2020- O/oSecretary Education ਮਿਤੀ 22.01.2021 ਅਤੇ ਮਾਨਯੋਗ ਮੁੱਖ ਸਕੱਤਰ ਪੰਜਾਬ ਜੀ ਦੀ ਪ੍ਰਧਾਨਗੀ ਹੇਠ ਮਿਤੀ 07.03.2021 ਨੂੰ ਹੋਈ ਮੀਟਿੰਗ ਦੀ ਕਾਰਵਾਈ ਦੇ ਸਬੰਧ ਵਿੱਚ।

ਪੰਜਾਬ ਰਾਜ ਵਿੱਚ ਕੋਵਿਡ-19 ਦੀ ਮੌਜੂਦਾ ਸਥਿਤੀ ਨੂੰ ਵਿਚਾਰਨ ਉਪਰੰਤ ਕੋਵਿਡ-19 ਦੇ ਫੈਲਾਅ ਨੂੰ ਰੋਕਣ ਅਤੇ ਸਕੂਲੀ ਵਿਦਿਆਰਥੀਆਂ ਨੂੰ ਇਸਦੇ ਪ੍ਰਭਾਵ ਤੋਂ ਬਚਾਉਣ ਲਈ ਹੇਠ ਲਿਖੇ ਅਨੁਸਾਰ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ:-

1. ਕੋਵਿਡ-19 ਸਬੰਧੀ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਕਲਾਸਾਂ ਪਹਿਲਾਂ ਦੀ ਤਰ੍ਹਾਂ ਹੀ ਲਗਦੀਆਂ ਰਹਿਣਗੀਆਂ।
2. ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਕਲਾਸਾਂ ਤੋਂ ਬਿਨਾਂ ਬਾਕੀ ਸਾਰੀਆਂ ਕਲਾਸਾਂ ਦੇ ਵਿਦਿਆਰਥੀਆਂ ਲਈ preparatory leaves ਘੋਸ਼ਿਤ ਕੀਤੀਆਂ ਜਾਂਦੀਆਂ ਹਨ, ਪਰੰਤੂ ਇਹਨਾਂ ਕਲਾਸਾਂ ਦੇ ਵਿਦਿਆਰਥੀ ਪ੍ਰੀਖਿਆਵਾਂ ਦੀ ਤਿਆਰੀ ਲਈ ਲੋੜ ਅਨੁਸਾਰ ਅਧਿਆਪਕਾਂ ਪਾਸੋਂ ਦਿਸ਼ਾ-ਨਿਰਦੇਸ਼ ਲੈਣ ਲਈ ਸਕੂਲ ਹਾਜ਼ਰ ਹੋ ਸਕਦੇ ਹਨ।
3. ਅਧਿਆਪਕ ਪਹਿਲਾਂ ਦੀ ਤਰ੍ਹਾਂ ਹੀ ਸਕੂਲ ਹਾਜ਼ਰ ਹੋਣਗੇ।
4. ਵਿਭਾਗ ਵੱਲੋਂ ਸਾਰੀਆਂ ਕਲਾਸਾਂ ਦੇ ਇਮਤਿਹਾਨ ਕੋਵਿਡ-19 ਸਬੰਧੀ ਵੱਖ-ਵੱਖ ਸਮੇਂ ਤੇ ਜਾਰੀ ਗਾਈਡਲਾਈਨਜ਼ ਨੂੰ ਧਿਆਨ ਵਿੱਚ ਰੱਖਦੇ ਹੋਏ ਆਫ-ਲਾਈਨ

ਲਏ ਜਾਣਗੇ ਪਰੰਤੂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ ਕਿ ਇਮਤਿਹਾਨਾਂ ਦੌਰਾਨ ਸਕੂਲ ਵਿੱਚ ਭੀੜ ਆਦਿ ਨਾ ਹੋਵੇ।

5. ਇਹਨਾਂ ਇਮਤਿਹਾਨਾਂ ਦੀ ਪ੍ਰਕਿਰੀਆ ਨੂੰ ਸੁਚੱਜੇ ਤਰੀਕੇ ਨਾਲ ਕੋਵਿਡ ਦੀਆਂ ਗਾਈਡਲਾਈਨਜ਼ ਦੇ ਮੱਦੇਨਜ਼ਰ ਨੇਪਰੇ ਚੜਾਉਣ ਲਈ ਡਾਇਰੈਕਟਰ ਐਸ.ਸੀ.ਈ.ਆਰ.ਟੀ ਵਲੋ ਵੱਖਰੇ ਤੌਰ ਤੇ ਵਿਸਥਾਰਪੂਰਵਕ ਹਦਾਇਤਾਂ ਜਾਰੀ ਕੀਤੀਆਂ ਜਾ ਰਹੀਆਂ ਹਨ ।

6. 10ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਬਿਨਾਂ ਬਾਕੀ ਜਮਾਤਾਂ ਲਈ ਹੋਸਟਲ ਬਿਲਕੁਲ ਬੰਦ ਰਹਿਣਗੇ। 10ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਰਹਿਣ ਲਈ ਵੀ ਕੋਵਿਡ-19 ਸਬੰਧੀ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਮੁਕੰਮਲ ਪਾਲਣਾ ਯਕੀਨੀ ਬਣਾਈ ਜਾਵੇਗੀ।

7. ਜਿੱਥੇ ਕਿਤੇ ਅਧਿਆਪਕ/ ਵਿਦਿਆਰਥੀ ਕੋਰੋਨਾ ਪ੍ਰਭਾਵਿਤ ਪਾਏ ਜਾਂਦੇ ਹਨ ਤਾਂ ਸਬੰਧਤ ਸਕੂਲ ਵੱਲੋਂ ਸਿਹਤ ਵਿਭਾਗ ਵੱਲੋਂ ਕੋਵਿਡ-19 ਸਬੰਧੀ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕੀਤੀ ਜਾਵੇਗੀ।

8. ਉਪਰੋਕਤ ਤੋਂ ਇਲਾਵਾ ਵਿਭਾਗ ਵੱਲੋਂ ਜਾਰੀ ਹਵਾਲਾ ਅਧੀਨ ਪੱਤਰਾਂ ਵਿੱਚ ਦਰਜ ਦਿਸ਼ਾ-ਨਿਰਦੇਸ਼ਾਂ ਅਤੇ ਭਾਰਤ ਸਰਕਾਰ/ ਰਾਜ ਸਰਕਾਰ ਵੱਲੋਂ ਕੋਵਿਡ-19 ਸਬੰਧੀ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਵੀ ਕੀਤੀ ਜਾਵੇ।

ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.)

ਪਿੱਠ ਅੰਕਣ ਨੰ: ਉਕਤ/2021/88777-81 ਮਿਤੀ: 12-3-21

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ।

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.)